# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-12-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਖੇਤੀਬਾੜੀ ਵਿਗਿਆਨੀਆਂ ਨੂੰ ਕੁਦਰਤੀ ਆਫ਼ਤਾਂ, ਜਲਵਾਯੂ ਤਬਦੀਲੀ ਅਤੇ ਕੁਦਰਤੀ ਸਰੋਤਾਂ ਦੀ ਗਲਤ ਵਰਤੋਂ ਵਰਗੀਆਂ ਚੁਣੌਤੀਆਂ ਤੋਂ ਕਿਸਾਨਾਂ ਨੂੰ ਬਚਾਉਣ ਲਈ ਮੌਜੂਦਾ ਸਮੇਂ ਅਨੁਸਾਰ ਨਵੀਆਂ ਯੋਜਨਾਵਾਂ ਬਣਾਉਣ ਦਾ ਸੱਦਾ ਦਿੱਤਾ।
- ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜਲਦ ਹੀ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਫਗਵਾੜਾ, ਲੁਧਿਆਣਾ ਤੇ ਪਟਿਆਲਾ ਅਤੇ 44 ਮਿਊਂਸਪਲ ਕਮੇਟੀਆਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ ਦਾ ਕੀਤਾ ਜਾਵੇਗਾ ਐਲਾਨ ।
- ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ, ਹਥਿਆਰਬੰਦ ਬਲ ਝੰਡਾ ਦਿਵਸ ਮੌਕੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ।

- ਭਾਰਤੀ ਪੁਲਾੜ ਖੋਜ ਸੰਗਠਨ ਨੇ ਅੱਜ ਸ਼੍ਰੀਹਰੀਕੋਟਾ ਦੇ ਸਤੀਸ਼ ਧਵਨ ਪੁਲਾੜ ਕੇਂਦਰ ਤੋਂ, ਪ੍ਰੋਬਾ-3 ਉਪਗ੍ਰਹਿ ਨੂੰ ਸਫਲਤਾਪੂਰਵਕ ਛਡਿਆ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਖੇਤੀਬਾੜੀ ਵਿਗਿਆਨੀਆਂ ਨੂੰ ਕੁਦਰਤੀ ਆਫ਼ਤਾਂ, ਜਲਵਾਯੂ ਤਬਦੀਲੀ ਅਤੇ ਕੁਦਰਤੀ ਸਰੋਤਾਂ ਦੀ ਗਲਤ ਵਰਤੋਂ ਵਰਗੀਆਂ ਚੁਣੌਤੀਆਂ ਤੋਂ ਕਿਸਾਨਾਂ ਨੂੰ ਬਚਾਉਣ ਲਈ ਮੌਜੂਦਾ ਸਮੇਂ ਅਨੁਸਾਰ ਨਵੀਆਂ ਯੋਜਨਾਵਾਂ ਬਣਾਉਣ ਦਾ ਸੱਦਾ ਦਿੱਤਾ।

ਉਨ੍ਹਾਂ ਕਿਹਾ ਕਿ ਖੇਤੀਬਾੜੀ ਅਤੇ ਕਿਸਾਨਾਂ ਦੇ ਖੇਤਰ ਨੂੰ ਮਜ਼ਬੂਤ ਬਣਾਉਣ ਲਈ ਨਵੀਂ ਡਰੋਨ ਤਕਨਾਲੋਜੀ, ਰਿਮੋਟ ਸੈਂਸਿੰਗ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਨੈਨੋ ਤਕਨਾਲੋਜੀ ਦੀ ਵਰਤੋਂ ਕੀਤੀ ਜਾਣੀ ਚਾਹੀਦੀ ਏ। ਅੱਜ ਸਵੇਰੇ ਭੁਵਨੇਸ਼ਵਰ ਵਿੱਚ ਓਡੀਸ਼ਾ ਯੂਨੀਵਰਸਿਟੀ ਆਫ ਐਗਰੀਕਲਚਰ ਐਂਡ ਟੈਕਨਾਲੋਜੀ ਦੀ 40ਵੀਂ ਕਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਨੇ ਕਿਹਾ ਕਿ ਖੇਤੀ ਵਿਗਿਆਨੀਆਂ ਨੂੰ, ਦੇਸ਼ ਲਈ ਨਵੀਆਂ ਯੋਜਨਾਵਾਂ ਤਿਆਰ ਕਰਦੇ ਹੋਏ, ਮਿੱਟੀ ਦੀ ਸਿਹਤ, ਵਾਤਾਵਰਣ, ਮਿੱਟੀ ਦੀ ਸੰਭਾਲ ਅਤੇ ਕੁਦਰਤੀ ਸਰੋਤਾਂ ਦੀ ਸਹੀ ਵਰਤੋਂ 'ਤੇ ਧਿਆਨ ਦੇਣਾ ਚਾਹੀਦਾ ਏ। ਉਨ੍ਹਾਂ

ਕਿਹਾ ਕਿ ਭਾਰਤ ਨੇ ਪਿਛਲੇ ਕੁਝ ਦਹਾਕਿਆਂ ਵਿੱਚ, ਖੇਤੀਬਾੜੀ ਦੇ ਖੇਤਰ ਵਿੱਚ ਸ਼ਾਨਦਾਰ ਵਿਕਾਸ ਕੀਤਾ ਏ ਅਤੇ ਇਹ ਦੂਜੇ ਦੇਸ਼ਾਂ ਨੂੰ ਅਨਾਜ ਅਤੇ ਖੇਤੀ ਸੰਦ ਬਰਾਮਦ ਕਰ ਰਿਹਾ ਏ। ਰਾਸ਼ਟਰਪਤੀ ਮੁਰਮੂ ਨੇ ਇਹ ਵੀ ਕਿਹਾ ਕਿ ਭਾਰਤ ਖੇਤੀ ਉਤਪਾਦਨ ਨੂੰ ਹੋਰ ਵਧਾ ਸਕਦਾ ਏ ਕਿਉਂਕਿ ਇਸ ਕੋਲ ਖੇਤੀਬਾੜੀ ਪੱਖੀ ਮਾਹੌਲ, ਹੁਨਰਮੰਦ ਮਨੁੱਖੀ ਸ਼ਕਤੀ, ਉਪਜਾਊ ਜ਼ਮੀਨ ਅਤੇ ਨਵੀ ਤਕਨਾਲੋਜੀ ਮੌਜੂਦ ਏ। ਉਨ੍ਹਾਂ ਕਿਹਾ ਕਿ ਦੇਸ਼, ਖੇਤੀ ਅਤੇ ਕਿਸਾਨਾਂ ਦੀ ਬਿਹਤਰੀ ਨਾਲ ਹੀ, ਸਾਲ 2047 ਤੱਕ ਵਿਕਸਤ ਰਾਸ਼ਟਰ ਬਣਨ ਦਾ ਟੀਚਾ ਹਾਸਲ ਕਰ ਸਕਦਾ ਏ।

---------------------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜਲਦ ਹੀ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਫਗਵਾੜਾ, ਲੁਧਿਆਣਾ ਤੇ ਪਟਿਆਲਾ ਅਤੇ 44 ਮਿਉਂਸਪਲ ਕਮੇਟੀਆਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ ਦਾ ਐਲਾਨ ਕੀਤਾ ਜਾਵੇਗਾ ਅਤੇ ਇਸ ਸਬੰਧੀ ਤਿਆਰੀਆਂ ਕੀਤੀਆਂ ਜਾ ਰਹੀਆਂ ਨੇ । ਇਸ ਤੋਂ ਇਲਾਵਾ ਵੱਖ-ਵੱਖ ਨਗਰ ਪਾਲਿਕਾਵਾਂ ਅਤੇ ਨਿਗਮਾਂ ਦੇ ਵਾਰਡਾਂ ਦੀਆਂ ਕੁਝ ਜ਼ਿਮਨੀ ਚੋਣਾਂ ਵੀ ਕਰਵਾਈਆਂ ਜਾਣਗੀਆਂ। ਪੰਜਾਬ ਰਾਜ ਚੋਣ ਕਮਿਸ਼ਨਰ ਰਾਜ ਕਮਲ

ਚੌਧਰੀ ਨੇ ਦੱਸਿਆ ਕਿ ਕੋਈ ਵੀ ਉਮੀਦਵਾਰ, ਜੋ ਇਨ੍ਹਾਂ ਚੋਣਾਂ ਲਈ ਉਮੀਦਵਾਰ ਵਜੋਂ ਨਾਮਜ਼ਦਗੀ ਪੱਤਰ ਦਾਖਲ ਕਰਨਾ ਚਾਹੁੰਦਾ ਏ, ਉਸ ਨੂੰ ਫਾਰਮ 20 ਵਿੱਚ ਨਾਮਜ਼ਦਗੀ ਪੱਤਰ ਅਤੇ ਹਲਫੀਆ ਬਿਆਨ , ਮੁਕੰਮਲ ਜਾਣਕਾਰੀ ਸਮੇਤ, ਚੱਲ ਅਤੇ ਅਚੱਲ ਜਾਇਦਾਦ ਦੇ ਵੇਰਵੇ, ਅਦਾਲਤਾਂ ਵਿੱਚਬਕਾਇਆ ਮਾਮਲਿਆਂ ਦੇ ਵੇਰਵੇ (ਜੇ ਕੋਈ ਹੈ), ਵਿਦਿਅਕ ਯੋਗਤਾ, ਜਾਇਦਾਦ ਅਤੇ ਦੇਣਦਾਰੀਆਂ ਦੇ ਵੇਰਵੇ, ਓਥ ਕਮਿਸ਼ਨਰ ਪਹਿਲੇ ਦਰਜੇ ਦੇ ਕਾਰਜਕਾਰੀ ਮੈਜਿਸਟ੍ਰੇਟ ਜਾਂ ਨੋਟਰੀ ਪਬਲਿਕ ਤੋਂ ਪ੍ਰਮਾਣਿਤ ਅਤੇ ਜਾਤੀ ਸਰਟੀਫਿਕੇਟ , ਇਸ ਤੋਂ ਇਲਾਵਾ ਜੇਕਰ ਪਾਰਟੀ ਟਿਕਟ 'ਤੇ ਨਾਮਜ਼ਦ ਕੀਤਾ ਗਿਆ ਏ ਤਾਂ ਸਿਆਸੀ ਪਾਰਟੀ ਦੇ ਅਧਿਕਾਰਤ ਹਸਤਾਖਰਕਰਤਾ ਵਲੋਂ ਸਪਾਂਸਰਸ਼ਿਪ ਦਾ ਫਾਰਮ ਭਰਕੇ ਆਖਰੀ ਤਰੀਕ ਨੂੰ ਜਾਂ ਇਸ ਤੋਂ ਪਹਿਲਾਂ ਸਬੰਧਤ ਰਿਟਰਨਿੰਗ ਅਫਸਰ ਕੋਲ ਜਮਾਂ ਕਰਵਾਉਣਾ ਹੋਵੇਗਾ । ਉਨ੍ਹਾਂ ਦੱਸਿਆ ਕਿ ਨਾਮਜ਼ਦਗੀ ਫਾਰਮ, ਸਮੇਤ ਹੋਰ ਲੋੜੀਂਦੇ ਫਾਰਮ, ਕਮਿਸ਼ਨ ਦੀ ਵੈੱਬਸਾਈਟ sec.punjab.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਨੇ ਅਤੇ ਸਬੰਧਤ ਰਿਟਰਨਿੰਗ ਅਫ਼ਸਰ ਦੇ ਦਫ਼ਤਰ ਵਿੱਚ ਵੀ ਉਪਲਬਧ ਨੇ ।

-----------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਫਾਜ਼ਿਲਕਾ ਜ਼ਿਲੇ ਦੇ ਅਬੋਹਰ ਸ਼ਹਿਰ 'ਚ ਅੱਜ, ਅਬੋਹਰ- ਹਨੂੰਮਾਨਗੜ੍ਹ ਸੜਕ 'ਤੇ ਬਣੇ ਨਵੇਂ ਵਾਟਰ ਵਰਕਸ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸਥਾਨਕ ਸਰਕਾਰਾਂ ਬਾਰੇ ਮੰਤਰੀ ਰਵਜੋਤ ਸਿੰਘ, ਜਲ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਸੰਨੀ ਆਹਲੂਵਾਲੀਆ, ਹਲਕਾ ਇੰਚਾਰਜ ਅਰੁਣ ਨਾਰੰਗ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ | ਵਿਭਾਗ ਦੇ ਅਧਿਕਾਰੀਆਂ ਨੇ ਮੁੱਖ ਮੰਤਰੀ ਨੂੰ ਵਾਟਰ ਵਰਕਸ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੱਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹੇ ਲੋਕ ਭਲਾਈ ਦੇ ਕੰਮ ਪਹਿਲ ਦੇ ਆਧਾਰ 'ਤੇ ਹੋਣੇ ਚਾਹੀਦੇ ਨੇ। ਹਲਕਾ ਇੰਚਾਰਜ ਨੇ ਮੁੱਖ ਮੰਤਰੀ ਨੂੰ ਸ਼ਹਿਰ ਦੇ ਬੱਸ ਅੱਡੇ ਨੇੜੇ ਰੁਕੇ ਵਿਕਾਸ ਕਾਰਜਾਂ ਅਤੇ ਹੋਰ ਕੰਮਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦੇਣ ਦੀ ਮੰਗ ਕੀਤੀ, ਜਿਸ 'ਤੇ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਜਲਦੀ ਪੂਰਾ ਕਰਨ ਦਾ ਭਰੋਸਾ ਦਿੱਤਾ।

-----------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਜ਼ਿਲ੍ਹਾ ਤਰਨ ਤਾਰਨ ਦੇ ਉਸਮਾਂ ਟੋਲ ਪਲਾਜ਼ਾ ਤੇ ਅਜ ਹੋਏ ਹਾਦਸੇ ਨੂੰ ਦੇਖ

ਆਪਣਾ ਕਾਫ਼ਲਾ ਰੋਕਿਆ ਅਤੇ ਹਾਦਸੇ ਵਿੱਚ ਜ਼ਖ਼ਮੀ ਪਰਿਵਾਰ ਦੇ ਜੀਆਂ ਨੂੰ ਆਪਣੀ ਪੁਲਿਸ ਗੱਡੀ ਰਾਹੀਂ ਹਸਪਤਾਲ ਪਹੁੰਚਾਇਆ। ਇਸ ਮੌਕੇ ਉਹਨਾਂ ਸਬੰਧਿਤ ਟੋਲ ਪਲਾਜ਼ਾ ਅਥਾਰਿਟੀ ਦੇ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੰਦਿਆਂ ਕਿਹਾ ਕਿ ਹਰ ਇੱਕ ਟੋਲ ਪਲਾਜ਼ੇ ‘ਤੇ ਐਮਬੂਲੈਂਸ ਦਾ ਹੋਣਾ ਯਕੀਨੀ ਬਣਾਇਆ ਜਾਵੇ, ਤਾਂ ਜੋ ਕਿਸੇ ਅਣ-ਸੁਖਾਵੀਂ ਘਟਨਾ ਹੋਣ ‘ਤੇ ਜਲਦੀ ਤੋਂ ਜਲਦੀ ਮੁੱਢਲੀ ਸਹਾਇਤਾ ਮੁਹੱਈਆ ਕਰਵਾਈ ਜਾ ਸਕੇ। ਇਸ ਮੌਕੇ ਉਹਨਾਂ ਇਸ ਹਾਦਸੇ ਵਿੱਚ ਜ਼ਖ਼ਮੀ ਹੋਏ ਵਿਅਕਤੀਆਂ ਦੀ ਜਲਦ ਤੰਦਰੁਸਤੀ ਦੀ ਕਾਮਨਾ ਕਰਦਿਆਂ, ਲੋਕਾਂ ਨੂੰ ਆਪਣੇ ਵਾਹਨ ਨੂੰ ਸਾਵਧਾਨੀ ਨਾਲ ਚਲਾਉਣ ਦੀ ਅਪੀਲ ਵੀ ਕੀਤੀ।

--------------------------------------------------------------------------------

ਅੰਮ੍ਰਿਤਸਰ ਦੀ ਅਦਾਲਤ ਵਲੋਂ ਨਰਾਇਣ ਸਿੰਘ ਚੌੜਾ ਨੂੰ 3 ਦਿਨ ਦੇ ਪੁਲਿਸ ਰਿਮਾਂਡ ਤੇ ਭੇਜਿਆ ਗਿਆ ਏ। ਬੀਤੇ ਕੱਲ੍ਹ ਸ਼੍ਰੀ ਦਰਬਾਰ ਸਾਹਿਬ ਵਿਖੇ ਪਹਿਰੇਦਾਰ ਦੀ ਸੇਵਾ ਦੀ ਧਾਰਮਿਕ ਸਜਾ ਨਿਭਾ ਰਹੇ, ਪੰਜਾਬ ਦੇ ਸਾਬਕਾ ਉਪ ਮੁਖ ਮੰਤਰੀ ਸੁਖਬੀਰ ਬਾਦਲ ਉੱਤੇ ਨਰਾਇਣ ਸਿੰਘ ਚੌੜਾ ਵਲੋਂ ਕਾਤਲਾਨਾ ਹਮਲਾ

ਕੀਤਾ ਗਿਆ ਸੀ, ਜਿਸ ਵਿਚ ਬਾਦਲ ਵਾਲ-ਵਾਲ ਬਚ ਗਏ ਸਨ । ਮੌਕੇ ਤੇ ਕਾਬੂ ਕੀਤੇ ਗਏ ਨਰਾਇਣ ਸਿੰਘ ਚੌੜਾ ਨੂੰ ਅੱਜ ਪੁਲਿਸ ਵੱਲੋਂ ਬੇਹੱਦ ਕਰੜੇ ਸੁਰੱਖਿਆ ਪ੍ਰਬੰਧਾਂ ਹੇਠ ਅੰਮ੍ਰਿਤਸਰ ਦੇ ਮੁਖ ਨਿਆਇਕ ਮੈਜਿਸਟਰੇਟ ਗੁਰਬੀਰ ਸਿੰਘ ਦੀ ਅਦਾਲਤ ਚ ਪੇਸ਼ ਕੀਤਾ ਗਿਆ । ਪੁਲਿਸ ਵੱਲੋਂ ਸੱਤ ਦਿਨ ਦਾ ਰਿਮਾਂਡ ਮੰਗਿਆ ਗਿਆ ਸੀ ਪਰ ਬਚਾਅ ਪੱਖ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਵੱਲੋਂ ਨਰਾਇਣ ਸਿੰਘ ਚੋੜਾ ਨੂੰ ਤਿੰਨ ਦਿਨ ਦੇ ਪੁਲਿਸ ਰਿਮਾਂਡ ਤੇ ਭੇਜਿਆ ਗਿਆ। ਹੁਣ ਨਰਾਇਣ ਸਿੰਘ ਚੌੜਾ ਨੂੰ 8 ਦਸੰਬਰ ਨੂੰ ਮੁੜ ਤੋਂ ਅਦਾਲਤ ਚ ਪੇਸ਼ ਕੀਤਾ ਜਾਵੇਗਾ ।

---------------------------------------------------------------------------------

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਅੱਜ ਹਥਿਆਰਬੰਦ ਸੈਨਾ ਝੰਡਾ ਦਿਵਸ ਮੌਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ  ਕੈਬਨਿਟ ਮੰਤਰੀ ਨੇ ਹਥਿਆਰਬੰਦ ਬਲਾਂ ਦੀਆਂ ਕੁਰਬਾਨੀਆਂ ਅਤੇ ਬਹਾਦਰੀ ਅਤੇ ਦੇਸ਼ ਦੀ ਸੁਰੱਖਿਆ ਲਈ ਪਾਏ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਦੇ ਸਨਮਾਨ ਵਜੋਂ, ਹਥਿਆਰਬੰਦ ਸੈਨਾ ਝੰਡਾ ਦਿਵਸ

ਮਨਾਇਆ। ਚੰਡੀਗੜ੍ਹ ਦੇ ਪੰਜਾਬ ਸਿਵਲ ਸਕੱਤਰੇਤ ਵਿਖੇ ਹੋਏ ਇਸ ਸਮਾਗਮ ਵਿੱਚ ਸੀਨੀਅਰ ਅਧਿਕਾਰੀਆਂ ਅਤੇ ਪਤਵੰਤਿਆਂ ਨੇ ਸ਼ਿਰਕਤ ਕੀਤੀ। ਮਹਿੰਦਰ ਭਗਤ ਨੇ ਹਥਿਆਰਬੰਦ ਸੈਨਾਵਾਂ ਵੱਲੋਂ ਦਿੱਤੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਉਨ੍ਹਾਂ ਨੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਹਿਯੋਗ ਦੇਣ ਦੀ ਮਹੱਤਤਾ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ, “ਹਥਿਆਰਬੰਦ ਸੈਨਾ ਝੰਡਾ ਦਿਵਸ ਸਾਡੇ ਲਈ, ਉਨ੍ਹਾਂ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਦੇਣ ਦੀ ਯਾਦ ਦਿਵਾਉਂਦਾ ਏ ਜਿਨ੍ਹਾਂ ਨੇ ਦੇਸ਼ ਦੀ ਰਾਖੀ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਇਹ ਸਾਡੀ ਸਮੂਹਿਕ ਜ਼ਿੰਮੇਵਾਰੀ ਏ ਕਿ ਅਸੀਂ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਈਏ ਅਤੇ ਸਾਰਥਕ ਤਰੀਕਿਆਂ ਨਾਲ ਉਨ੍ਹਾਂ ਪ੍ਰਤੀ ਆਪਣਾ ਸ਼ੁਕਰਾਨਾ ਪ੍ਰਗਟਾਈਏ।

---

ਸੂਬੇ ਵਿੱਚ ਡਿਜੀਟਲ ਪ੍ਰਸ਼ਾਸਨ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਦਿਆਂ, ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਮੰਤਰੀ ਅਮਨ ਅਰੋੜਾ ਨੇ ਅੱਜ ਇੱਕ ਅਹਿਮ ਪ੍ਰਾਜੈਕਟ ਦੀ ਸ਼ੁਰੂਆਤ ਕੀਤੀ, ਜਿਸ ਤਹਿਤ ਸਰਪੰਚ,

ਨੰਬਰਦਾਰ ਅਤੇ ਮਿਉਂਸਪਲ ਕੌਂਸਲਰ ਵੱਖ-ਵੱਖ ਸਰਟੀਫਿਕੇਟਾਂ ਲਈ ਅਰਜ਼ੀਆਂ ਦੀ ਆਨਲਾਈਨ ਤਸਦੀਕ ਕਰਨਗੇ। ਇਸ ਨਵੀਂ ਪਹਿਲਕਦਮੀ ਨੂੰ ਸ਼ੁਰੂ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਏ , ਜਿਸ ਦਾ ਉਦੇਸ਼ ਨਾਗਰਿਕਾਂ ਨੂੰ ਸਰਪੰਚਾਂ, ਨੰਬਰਦਾਰਾਂ ਅਤੇ ਮਿਉਂਸਪਲ ਕੌਂਸਲਰ MCs ਤੋਂ ਦਸਤਖ਼ਤ ਕਰਵਾਉਣ ਲਈ ਉਨ੍ਹਾਂ ਕੋਲ ਵਾਰ ਵਾਰ ਆਉਣ-ਜਾਣ ਦੇ ਝੰਜਟ ਤੋਂ ਛੁਟਕਾਰਾ ਦਿਵਾਉਣਾ ਏ । ਇਸ ਡਿਜੀਟਲ ਪਹਿਲਕਦਮੀ ਤਹਿਤ, ਸਭ ਤੋਂ ਵੱਧ ਮੰਗ ਵਾਲੀਆਂ ਸੇਵਾਵਾਂ ਜਿਵੇਂ ਰਿਹਾਇਸ਼ੀ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਆਮਦਨ ਸਰਟੀਫਿਕੇਟ, EWS ਸਰਟੀਫਿਕੇਟ, ਬੁਢਾਪਾ ਪੈਨਸ਼ਨ ਅਤੇ ਡੋਗਰਾ ਸਰਟੀਫਿਕੇਟ ਸਬੰਧੀ ਅਰਜ਼ੀਆਂ ਤਸਦੀਕ ਲਈ, ਸਬੰਧਤ ਸਰਪੰਚ, ਨੰਬਰਦਾਰ ਅਤੇ ਮਿਉਂਸਪਲ ਕੌਂਸਲਰ ਨੂੰ ਆਨਲਾਈਨ ਭੇਜੀਆਂ ਜਾਣਗੀਆਂ । ਇਹਨਾਂ ਸੇਵਾਵਾਂ ਲਈ ਪੇਂਡੂ ਖੇਤਰਾਂ ਵਿੱਚ ਸਰਪੰਚਾਂ ਅਤੇ ਨੰਬਰਦਾਰਾਂ ਕੋਲੋਂ ਅਤੇ ਸ਼ਹਿਰੀ ਖੇਤਰਾਂ ਵਿੱਚ MCs ਕੋਲੋਂ ਤਸਦੀਕ ਕਰਵਾਉਣ ਦੀ ਜ਼ਰੂਰਤ ਹੁੰਦੀ ਏ । ਇਸ ਪ੍ਰਾਜੈਕਟ ਦੇ ਸ਼ੁਰੂ ਹੋਣ ਨਾਲ, ਪਟਵਾਰੀ ਹੁਣ

ਤਸਦੀਕ ਲਈ ਸਰਪੰਚ, ਨੰਬਰਦਾਰ ਜਾਂ ਐਮ.ਸੀ. ਨੂੰ ਆਨਲਾਈਨ ਅਰਜ਼ੀਆਂ ਭੇਜਣਗੇ। ਇਸ ਤਹਿਤ ਸਥਾਨਕ ਨੁਮਾਇੰਦਿਆਂ ਨੂੰ ਵਟਸਐਪ ਜ਼ਰੀਏ ਜਾਣਕਾਰੀ ਪ੍ਰਾਪਤ ਹੋਵੇਗੀ ਅਤੇ ਉਹ ਵਟਸਐਪ ਰਾਹੀਂ ਆਪਣੀ ਸਿਫਾਰਸ਼ ਦੇ ਸਕਦੇ ਨੇ । ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਆਨਲਾਈਨ ਪ੍ਰਾਜੈਕਟ ਦੀ ਸ਼ੁਰੂਆਤ ਨਾਲ, ਉਨ੍ਹਾਂ ਨਾਗਰਿਕਾਂ ਤੋਂ ਬੋਝ ਘਟੇਗਾ, ਜਿਨ੍ਹਾਂ ਨੂੰ ਪਹਿਲਾਂ ਵਾਲੀ ਮੁਸ਼ਕਲ ਪ੍ਰਕਿਰਿਆ ਅਧੀਨ ਸਰਪੰਚਾਂ, ਨੰਬਰਦਾਰਾਂ ਜਾਂ ਐਮ.ਸੀਜ਼ ਤੋਂ ਦਸਤਖਤ ਕਰਵਾਉਣ ਲਈ ਉਨ੍ਹਾਂ ਕੋਲ ਵਾਰ-ਵਾਰ ਜਾਣਾ ਪੈਂਦਾ ਸੀ।

---------------------------------------------------------------------------

ਭਾਰਤੀ ਪੁਲਾੜ ਖੋਜ ਸੰਗਠਨ ਨੇ ਅੱਜ ਸ਼੍ਰੀਹਰੀਕੋਟਾ ਦੇ ਸਤੀਸ਼ ਧਵਨ ਪੁਲਾੜ ਕੇਂਦਰ ਤੋਂ ਪ੍ਰੋਬਾ-3 ਉਪਗ੍ਰਹਿ ਨੂੰ ਲੈ ਕੇ ਜਾਣ ਵਾਲੇ PSLV C59 ਪੁਲਾੜ ਵਾਹਨ ਨੂੰ ਸਫਲਤਾਪੂਰਵਕ ਛਡਿਆ । ਪੁਲਾੜ ਵਾਹਨ ਨੂੰ ਸ਼ਾਮ 4 ਵੱਜਕੇ 4 ਮਿੰਟ ਸ਼੍ਰੀਹਰਿਕੋਟਾ ਤੋਂ ਰਵਾਨਾ ਕੀਤਾ ਡਾ । ਇਸਰੋ ਨੇ ਸੋਸ਼ਲ ਮੀਡੀਆ 'ਤੇ ਕਿਹਾ ਕਿ PSLV-C59 ਨੇ ਯੂਰਪੀਅਨ ਸਪੇਸ ਏਜੰਸੀ ਦੇ ਪ੍ਰੋਬਾ-3 ਉਪਗ੍ਰਹਿ ਨੂੰ ਆਰਬਿਟ 'ਚ ਸਫਲਤਾਪੂਰਵਕ ਪਹੁੰਚਾ ਦਿੱਤਾ ਏ । ਪ੍ਰੋਬਾ-3 ਯੂਰਪੀਅਨ ਸਪੇਸ ਏਜੰਸੀ ਦਾ ਇੱਕ

ਮਹੱਤਵਪੂਰਨ ਪ੍ਰੋਗਰਾਮ ਏ  ਜਿਸ ਦੇ ਤਹਿਤ ਦੋ ਉਪਗ੍ਰਹਿ ਪੁਲਾੜ ਵਿੱਚ ਭੇਜੇ ਗਏ ਨੇ । ਅੱਜ ਦਾ ਸਫਲ ਲਾਂਚ ਭਾਰਤੀ ਪੁਲਾੜ ਖੋਜ ਸੰਗਠਨ ਲਈ ਇੱਕ ਮਹੱਤਵਪੂਰਨ ਵਪਾਰਕ ਕਦਮ ਏ , ਜੋ ਨਿਊ ਸਪੇਸ ਇੰਡੀਆ ਲਿਮਟਿਡ ਦੁਆਰਾ ਲਾਗੂ ਕੀਤਾ ਗਿਆ ਏ । PSLV C-59 ਲਿਫਟ-ਆਫ ਤੋਂ 18 ਮਿੰਟ ਬਾਅਦ ਆਪਣੀ ਨਿਰਧਾਰਤ ਔਰਬਿਟ 'ਤੇ ਪਹੁੰਚ ਗਿਆ ਅਤੇ 545 ਕਿਲੋਗ੍ਰਾਮ ਵਜ਼ਨ ਵਾਲੇ ਦੋ ਉਪਗ੍ਰਹਿਆਂ ਨੂੰ ਸਫਲਤਾਪੂਰਵਕ ਧਰਤੀ ਤੋਂ 600 ਕਿਲੋਮੀਟਰ ਦੀ ਉਚਾਈ 'ਤੇ ਰੱਖਿਆ। ਇਹ ਦੋਵੇਂ ਉਪਗ੍ਰਹਿ ਸੂਰਜ ਦੇ ਬਾਹਰੀ ਵਾਯੂਮੰਡਲ ਦਾ ਅਧਿਐਨ ਕਰਨਗੇ ।.

---

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨਾਲ ਸ਼ਹਾਦਤ ਪ੍ਰਾਪਤ ਕਰਨ ਵਾਲੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ, ਸ਼੍ਰੋਮਣੀ ਗੁਰੂਦਵਾਰਾ  ਪ੍ਰਬਧੰਕ ਕਮੇਟੀ ਵੱਲੋਂ, ਅੱਜ ਅੰਮ੍ਰਿਤਸਰ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ । ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਭਾਈ ਇੰਦਰਪਾਲ ਸਿੰਘ ਦੇ ਜੱਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ

। ਭਾਈ ਹਰਮਿੰਤਰ ਸਿੰਘ ਨੇ ਸੰਗਤਾਂ ਨੂੰ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੇ ਜੀਵਨ ਇਤਿਹਾਸ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਗੁਰੂ ਸਾਹਿਬ ਦੇ ਪਿਆਰੇ ਸਿੱਖਾਂ ਨੂੰ  ਜਗੀਰਾਂ ਦੇ ਲਾਲਚ ਦਿੱਤੇ ਗਏ, ਪਰੰਤੂ ਇਨ੍ਹਾਂ ਵਿਚੋਂ ਕੋਈ ਵੀ, ਸਿੱਖੀ ਸਿਦਕ ਤੋਂ ਨਹੀਂ ਡੋਲਿਆ। ਉਨ੍ਹਾਂ ਸੰਗਤਾਂ ਨੂੰ ਗੁਰਬਾਣੀ ਦੀਆਂ ਸਿੱਖਿਆਵਾਂ ਅਨੁਸਾਰ ਜੀਵਨ ਜਿਉਣ ਦੀ ਪ੍ਰੇਰਣਾ ਕੀਤੀ। ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਾਰਾ ਦਿਨ ਗੁਰਮਤਿ ਸਮਾਗਮ ਜਾਰੀ ਰਹੇ, ਜਿਸ ਵਿਚ ਪੰਥ ਪ੍ਰਸਿੱਧ ਢਾਡੀ ਜਥਿਆਂ ਨੂੰ ਸੰਗਤ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਵਾਇਆ।

--------------------------------------------------------------------------------

ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਦੇ ਪ੍ਰਸ਼ਾਸ਼ਨ ਡਾਇਰੈਕਟਰ ਜਸਬੀਰ ਸਿੰਘ ਸੁਰ ਸਿੰਘ ਨੇ ਅਣ-ਅਧਿਕਾਰਤ ਨਿਯਮਤ ਕਾਲੋਨੀਆਂ ਦੇ ਬਿਨੈਕਾਰਾਂ ਨੂੰ ਬਿਜਲੀ ਕੁਨੈਕਸ਼ਨ ਜਾਰੀ ਕਰਨ ਸਬੰਧੀ ਜਾਰੀ ਕੀਤੇ ਨੋਟੀਫਿਕੇਸ਼ਨ ਦਾ ਸਵਾਗਤ ਕੀਤਾ ਏ ਅੱਜ ਪਟਿਆਲਾ ਵਿਖੇ ਜਾਰੀ ਇੱਕ ਬਿਆਨ ਵਿੱਚ, ਉਨ੍ਹਾਂ ਨੇ ਸੂਬਾ ਸਰਕਾਰ ਦੇ ਇਸ ਫੈਸਲੇ ਨੂੰ “ਲੋਕ ਪੱਖੀ” ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ,ਪੰਜਾਬ ਦੇ ਲੋਕਾਂ ਨੂੰ ਬਿਹਤਰ

ਸੇਵਾਵਾਂ ਯਕੀਨੀ ਬਣਾਉਣ ਲਈ ਬਿਜਲੀ ਕਾਰਪੋਰੇਸ਼ਨ ਵਿੱਚ ਸਰਕਾਰੀ ਨੀਤੀਆਂ ਨੂੰ ਸਹੀ ਢੰਗ ਨਾਲ ਲਾਗੂ ਕਰ ਰਹੇ ਨੇ । ਇਸ ਤੋਂ ਇਲਾਵਾ, ਉਨ੍ਹਾਂ ਕਿਹਾ ਕਿ ਜਿਹੜੇ ਪਲਾਟ, ਨੋਟੀਫਿਕੇਸ਼ਨ ਦੇ ਪ੍ਰਬੰਧਾਂ ਅਨੁਸਾਰ ਰਜਿਸਟਰਡ ਨੇ , ਉਨ੍ਹਾਂ ਲਈ ਬਿਜਲੀ ਕੁਨੈਕਸ਼ਨ ਜਾਰੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਫੈਸਲੇ ਦਾ ਉਦੇਸ਼ ਅਣ-ਅਧਿਕਾਰਤ ਨਿਯਮਤ ਕਾਲੋਨੀਆਂ ਦੇ ਵਸਨੀਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣਾ ਏ ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ, ਇਨ੍ਹਾਂ ਖੇਤਰਾਂ ਵਿੱਚ ਬਿਨੈਕਾਰਾਂ ਨੂੰ ਬਿਜਲੀ ਕੁਨੈਕਸ਼ਨ ਜਾਰੀ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਏ। ਡਾਇਰੈਕਟਰ ਪ੍ਰਸ਼ਾਸਨ ਜਸਬੀਰ ਸਿੰਘ ਸੁਰ ਸਿੰਘ ਨੇ ਕਿਹਾ ਕਿ ਇਹ ਅਗਾਂਹਵਧੂ ਕਦਮ ਸਾਰੇ ਨਾਗਰਿਕਾਂ, ਖਾਸ ਕਰਕੇ ਹਾਸ਼ੀਏ 'ਤੇ ਰਹਿਣ ਵਾਲੇ ਇਲਾਕਿਆਂ ਵਿੱਚ ਬੁਨਿਆਦੀ ਸਹੂਲਤਾਂ ਤੱਕ ਬਰਾਬਰ ਪਹੁੰਚ ਨੂੰ ਯਕੀਨੀ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ।

---

ਮਹਿਲਾ ਕ੍ਰਿਕਟ 'ਚ ਆਸਟ੍ਰੇਲੀਆ ਨੇ ਤਿੰਨ ਮੈਚਾਂ ਦੀ ਸੀਰੀਜ਼ ਦੇ, ਪਹਿਲੇ ਇੱਕ ਰੋਜ਼ਾ ਮੈਚ 'ਚ, ਭਾਰਤ ਨੂੰ ਪੰਜ ਵਿਕਟਾਂ ਨਾਲ ਹਰਾ ਦਿੱਤਾ।

101 ਦੌੜਾਂ ਦਾ ਪਿੱਛਾ ਕਰਦੇ ਹੋਏ ਆਸਟ੍ਰੇਲੀਆ ਨੇ 16 ਓਵਰਾਂ ਅਤੇ 2 ਗੇਂਦਾਂ 'ਚ, ਟੀਚਾ ਹਾਸਲ ਕਰ ਲਿਆ। ਆਸਟ੍ਰੇਲੀਆ ਦੀ ਜਾਰਜੀਆ ਵੋਲ ਨੇ ਅਜੇਤੂ 46 ਦੌੜਾਂ ਬਣਾਈਆਂ। ਪਹਿਲਾਂ ਬੱਲੇਬਾਜ਼ੀ ਕਰਨ ਆਈ ਭਾਰਤੀ ਟੀਮ 34 ਓਵਰਾਂ ਅਤੇ 2 ਗੇਂਦਾਂ 'ਤੇ 100 ਦੌੜਾਂ ਬਣਾ ਕੇ ਆਊਟ ਹੋ ਗਈ । ਭਾਰਤ ਵੱਲੋਂ ਜੇਮਿਮਾ ਰੌਡ-ਰਿਗਜ਼ ਨੇ 23 ਦੌੜਾਂ ਬਣਾਈਆਂ। ਆਸਟ੍ਰੇਲੀਆ ਦੀ ਮੇਗਨ ਸ਼ੂਟ ਨੇ ਪੰਜ ਵਿਕਟਾਂ ਲਈਆਂ। ਸੀਰੀਜ਼ ਦਾ ਦੂਜਾ ਮੈਚ 8 ਦਸੰਬਰ ਨੂੰ ਬ੍ਰਿਸਬੇਨ 'ਚ ਖੇਡਿਆ ਜਾਵੇਗਾ।

---------------------------------------------------------------

ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਖੇਤੀਬਾੜੀ ਵਿਗਿਆਨੀਆਂ ਨੂੰ ਕੁਦਰਤੀ ਆਫ਼ਤਾਂ, ਜਲਵਾਯੂ ਤਬਦੀਲੀ ਅਤੇ ਕੁਦਰਤੀ ਸਰੋਤਾਂ ਦੀ ਗਲਤ ਵਰਤੋਂ ਵਰਗੀਆਂ ਚੁਣੌਤੀਆਂ ਤੋਂ ਕਿਸਾਨਾਂ ਨੂੰ ਬਚਾਉਣ ਲਈ ਮੌਜੂਦਾ ਸਮੇਂ ਅਨੁਸਾਰ ਨਵੀਆਂ ਯੋਜਨਾਵਾਂ ਬਣਾਉਣ ਦਾ ਸੱਦਾ ਦਿੱਤਾ।
- ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜਲਦ ਹੀ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਫਗਵਾੜਾ, ਲੁਧਿਆਣਾ ਤੇ ਪਟਿਆਲਾ ਅਤੇ

44 ਮਿਉਂਸਪਲ ਕਮੇਟੀਆਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ ਦਾ ਕੀਤਾ ਜਾਵੇਗਾ ਐਲਾਨ।

- ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ, ਹਥਿਆਰਬੰਦ ਬਲ ਝੰਡਾ ਦਿਵਸ ਮੌਕੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ। ਅਤੇ

- ਭਾਰਤੀ ਪੁਲਾੜ ਖੋਜ ਸੰਗਠਨ ਨੇ ਅੱਜ ਸ੍ਰੀਹਰੀਕੋਟਾ ਦੇ ਸਤੀਸ਼ ਧਵਨ ਪੁਲਾੜ ਕੇਂਦਰ ਤੋਂ, ਪ੍ਰੋਬਾ-3 ਉਪਗ੍ਰਹਿ ਨੂੰ ਸਫਲਤਾਪੂਰਵਕ ਛਡਿਆ।